ਗਉੜੀ ਮਹਲਾ ੫ ॥ ਜਿਸੁ ਸਿਮਰਤ ਦੂਖੁ ਸਭੁ ਜਾਇ ॥ ਨਾਮੁ ਰਤਨੁ ਵਸੈ ਮਨਿ ਆਇ ॥੧॥ ਜਪਿ ਮਨ ਮੇਰੇ ਗੋਵਿੰਦ ਕੀ ਬਾਣੀ ॥ ਸਾਧੂ ਜਨ ਰਾਮੁ ਰਸਨ ਵਖਾਣੀ ॥੧॥ ਰਹਾਉ ॥ ਇਕਸੁ ਬਿਨੁ ਨਾਹੀ ਦੂਜਾ ਕੋਇ ॥ ਜਾ ਕੀ ਦ੍ਰਿਸਟਿ ਸਦਾ ਸੁਖੁ ਹੋਇ ॥੨॥ ਸਾਜਨੁ ਮੀਤੁ ਸਖਾ ਕਰਿ ਏਕੁ ॥ ਹਰਿ ਹਰਿ ਅਖਰ ਮਨ ਮਹਿ ਲੇਖੁ ॥੩॥ ਰਵਿ ਰਹਿਆ ਸਰਬਤ ਸੁਆਮੀ ॥ ਗੁਣ ਗਾਵੈ ਨਾਨਕੁ ਅੰਤਰਜਾਮੀ ॥੪॥੬੨॥੧੩੧॥ {ਪੰਨਾ 192}

ਪਦਅਰਥ:- ਮਨਿ—ਮਨ ਵਿਚ।1।

ਮਨ—ਹੇ ਮਨ! ਸਾਧੂ ਜਨ—ਗੁਰਮੁਖਾਂ ਨੇ। ਰਸਨ—ਜੀਭ ਨਾਲ।1। ਰਹਾਉ।

ਦ੍ਰਿਸ਼ਟਿ—ਨਿਗਾਹ।2।

ਸਖਾ—ਮਿੱਤਰ। ਕਰਿ—ਬਣਾ। ਲੇਖੁ—ਲਿਖ, ਉੱਕਰ ਲੈ।3।

ਰਵਿ ਰਹਿਆ—ਵਿਆਪਕ ਹੈ। ਸਰਬਤ—{svL>} ਹਰ ਥਾਂ। ਅੰਤਰਜਾਮੀ—ਦਿਲ ਦੀ ਜਾਣਨ ਵਾਲਾ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦਾ ਉੱਚਾਰਨ ਕਰ। (ਇਸ ਬਾਣੀ ਦੀ ਰਾਹੀਂ ਹੀ) ਸੰਤ ਜਨ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦੇ ਹਨ।1। ਰਹਾਉ।

(ਹੇ ਭਾਈ! ਉਸ ਗੋਬਿੰਦ ਦੀ ਬਾਣੀ ਜਪ) ਜਿਸ ਦਾ ਸਿਮਰਨ ਕੀਤਿਆਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਂਦਾ ਹੈ (ਤੇ, ਬਾਣੀ ਦੀ ਬਰਕਤਿ ਨਾਲ) ਪਰਮਾਤਮਾ ਦਾ ਅਮੋਲਕ ਨਾਮ ਮਨ ਵਿਚ ਆ ਵੱਸਦਾ ਹੈ।1।

(ਹੇ ਭਾਈ! ਉਸ ਗੋਬਿੰਦ ਦੀ ਸਿਫ਼ਤਿ-ਸਾਲਾਹ ਕਰਦਾ ਰਹੁ) ਜਿਸ ਦੀ ਮਿਹਰ ਦੀ ਨਿਗਾਹ ਨਾਲ ਸਦਾ ਆਤਮਕ ਆਨੰਦ ਮਿਲਦਾ ਹੈ, ਤੇ, ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।2।

(ਹੇ ਭਾਈ! ਉਸ) ਇੱਕ ਗੋਬਿੰਦ ਨੂੰ ਆਪਣਾ ਸੱਜਣ ਮਿੱਤਰ ਸਾਥੀ ਬਣਾ, ਤੇ ਉਸ ਹਰੀ ਦੀ ਸਿਫ਼ਤਿ-ਸਾਲਾਹ ਦੇ ਅੱਖਰ (ਸੰਸਕਾਰ) ਆਪਣੇ ਮਨ ਵਿਚ ਉੱਕਰ ਲੈ।3।

(ਹੇ ਭਾਈ! ਸਾਰੇ ਜਗਤ ਦਾ ਉਹ) ਮਾਲਕ ਹਰ ਥਾਂ ਵਿਆਪਕ ਹੈ ਤੇ ਹਰੇਕ ਦੇ ਦਿਲ ਦੀ ਜਾਣਦਾ ਹੈ, ਨਾਨਕ (ਭੀ) ਉਸ ਅੰਤਰਜਾਮੀ ਸੁਆਮੀ ਦੇ ਗੁਣ ਗਾਂਦਾ ਹੈ।4। 62।131।